# ਪ੍ਰੈਸ ਨੋਟ

**ਅਪ੍ਰੈਸ਼ਨ ਸੀਲ 4 ਤਹਿਤ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਹਰਿਆਣਾ ਅਤੇ ਰਾਜਸਥਾਨ ਪੁਲਿਸ ਨਾਲ ਸਾਂਝੇ ਤੌਰ ਤੇ ਚਲਾਇਆ ਸਰਚ ਅਭਿਆਨ**

**ਪੰਜਾਬ ਦੀਆਂ ਸਰਹੱਦਾਂ ਤੇ ਨਾਕਾ ਬੰਦੀ ਕਰ ਕੀਤਾ ਸਰਚ ਅਭਿਆਨ**

ਸ੍ਰੀ ਮੁਕਤਸਰ ਸਾਹਿਬ (       )ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਵੱਲੋਂ ਨਸ਼ਿਆਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ ਵਿੱਢੀ ਮਹਿੰਮ ਤਹਿਤ ਸੂਬੇ ਭਰ ਵਿੱਚ "ਅਪ੍ਰੈਸ਼ਨ ਸੀਲ 4" ਚਲਾਇਆ ਗਿਆ, ਜਿਸ ਤਹਿਤ ਪੰਜਾਬ ਦੇ ਨਾਲ ਲੱਗਦੇ ਦੂਸਰੇ ਸੂਬਿਆਂ ਦੀਆਂ ਸਰਹੱਦਾਂ ਤੇ ਨਾਕਾ ਬੰਦੀ ਕਰਕੇ ਦੂਸਰਿਆ ਸੂਬਿਆਂ ਦੀ ਪੁਲਿਸ ਨਾਲ ਸਾਂਝੇ ਤੌਰ ਤੇ ਸਰਚ ਅਭਿਆਨ ਚਲਾਇਆ ਗਿਆ ਇਸੇ ਤਹਿਤ ਸ.ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲੱਗਦੇ ਹਰਿਆਣਾ ਅਤੇ ਰਾਜਸਥਾਨ ਸੂਬਿਆ ਦੀਆਂ ਸਰੱਹਦਾਂ ਤੇ ਹਰਿਆਣਾ ਅਤੇ ਰਾਜਸਥਾਨ ਪੁਲਿਸ ਨਾਲ ਸਾਂਝੇ ਤੌਰ ਤੇ ਨਾਕਾ ਬੰਦੀ ਕਰ ਸਰਚ ਅਪ੍ਰੈਸ਼ਨ ਚਲਾਇਆ ਗਿਆ। ਇਸ ਸਰਚ ਅਪ੍ਰੈਸ਼ਨ ਦੌਰਾਨ ਸ. ਜਸਪਾਲ ਸਿੰਘ ਡੀ.ਐਸ.ਪੀ ਸ.ਡ (ਲੰਬੀ) ਅਤੇ ਮੁੱਖ ਅਫਸਰ ਥਾਣਾ ਕਿੱਲਿਆਂਵਾਲੀ ਸਮੇਤ ਕ੍ਰਮਚਾਰੀਆਂ ਅਤੇ ਅਧਿਕਾਰੀਆ ਤਾਇਨਾਤ ਕੀਤੇ ਗਏ ਸਨ।

ਇਸ ਮੌਕੇ ਜਿਲ੍ਹਾ ਪੁਲਿਸ ਮੁੱਖੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ "ਅਪ੍ਰੈਸ਼ਨ ਸੀਲ 4" ਤਹਿਤ ਨਸ਼ਿਆ ਦੇ ਤਸਕਰਾਂ, ਸ਼ਰਾਰਤੀ ਅਨਸਰਾਂ ਅਤੇ ਗੈਰ ਸਾਮਜਿਕ ਵਿਅਕਤੀਆਂ ਖਿਲਾਫ ਕਾਰਵਾਈ ਕਰਦੇ ਹੋਏ ਪੰਜਾਬ, ਰਾਜਸਥਾਨ ਅਤੇ ਹਰਿਆਣਾ ਦੇ ਤਿੰਨਾਂ ਸੂਬਿਆ ਦੀ ਪੁਲਿਸ ਵੱਲੋਂ ਸਾਂਝੇ ਤੌਰ ਤੇ ਸਰੱਹਦਾਂ ਪਰ ਨਾਕਾ ਬੰਦੀ ਕਰ ਸਰਚ ਅਭਿਆਨ ਚਲਾਇਆ ਗਿਆ। ਉਨ੍ਹਾਂ ਦੱਸਿਆਂ ਕਿ ਇਸ ਅੰਤਰਰਾਜੀ ਨਾਕਾ ਬੰਦੀ ਕਰਕੇ ਸ਼ੱਕੀ ਵਹੀਕਲਾਂ ਦੀ ਤਲਾਸ਼ੀ ਲਈ ਉੱਥੇ ਹੀ ਸ਼ੱਕੀ ਵਹੀਕਲਾਂ ਨੂੰ ਵਾਹਣ ਐਪ ਰਾਹੀਂ ਵੈਰੀਫਾਈ ਵੀ ਕੀਤਾ ਗਿਆ ।